# TODAY'S HUKAMNAMA FROM SRI DARBAR SAHIB, Sri Amritsar.

**ਧਨਾਸਰੀ ਮਹਲਾ ੫ ॥**

**ਜਿਸ ਕਾ ਤਨੁ ਮਨੁ ਧਨੁ ਸਭੁ ਤਿਸ ਕਾ ਸੋਈ ਸੁਘੜੁ ਸੁਜਾਨੀ ॥ ਤਿਨ ਹੀ ਸੁਣਿਆ ਦੁਖੁ ਸੁਖੁ ਮੇਰਾ ਤਉ ਬਿਧਿ ਨੀਕੀ ਖਟਾਨੀ ॥੧॥ ਜੀਅ ਕੀ ਏਕੈ ਹੀ ਪਹਿ ਮਾਨੀ ॥ ਅਵਰਿ ਜਤਨ ਕਰਿ ਰਹੇ ਬਹੁਤੇਰੇ ਤਿਨ ਤਿਲੁ ਨਹੀ ਕੀਮਤਿ ਜਾਨੀ ॥ ਰਹਾਉ ॥ ਅੰਮ੍ਰਿਤ ਨਾਮੁ ਨਿਰਮੋਲਕੁ ਹੀਰਾ ਗੁਰਿ ਦੀਨੋ ਮੰਤਾਨੀ ॥ ਡਿਗੈ ਨ ਡੋਲੈ ਦ੍ਰਿੜੁ ਕਰਿ ਰਹਿਓ ਪੂਰਨ ਹੋਇ ਤ੍ਰਿਪਤਾਨੀ ॥੨॥ ਓਇ ਜੁ ਬੀਚ ਹਮ ਤੁਮ ਕਛੁ ਹੋਤੇ ਤਿਨ ਕੀ ਬਾਤ ਬਿਲਾਨੀ ॥ ਅਲੰਕਾਰ ਮਿਲਿ ਥੈਲੀ ਹੋਈ ਹੈ ਤਾ ਤੇ ਕਨਿਕ ਵਖਾਨੀ ॥੩॥ ਪ੍ਰਗਟਿਓ ਜੋਤਿ ਸਹਜ ਸੁਖ ਸੋਭਾ ਬਾਜੇ ਅਨਹਤ ਬਾਨੀ ॥ ਕਹੁ ਨਾਨਕ ਨਿਹਚਲ ਘਰੁ ਬਾਧਿਓ ਗੁਰਿ ਕੀਓ ਬੰਧਾਨੀ ॥੪॥੫॥**

**(ਅੰਗ : ੬੭੧)**

ਪੰਜਾਬੀ ਵਿਆਖਿਆ :

**ਧਨਾਸਰੀ ਮਹਲਾ ੫ ॥**

**ਹੇ ਭਾਈ! ਜਿਸ ਪ੍ਰਭੂ ਦਾ ਦਿੱਤਾ ਹੋਇਆ ਇਹ ਸਰੀਰ ਤੇ ਮਨ ਹੈ, ਇਹ ਸਾਰਾ ਧਨ-ਪਦਾਰਥ ਭੀ ਉਸੇ ਦਾ ਦਿੱਤਾ ਹੋਇਆ ਹੈ, ਉਹੀ ਸੁਚੱਜਾ ਹੈ ਤੇ ਸਿਆਣਾ ਹੈ । ਅਸਾਂ ਜੀਵਾਂ ਦਾ ਦੁੱਖ ਸੁਖ (ਸਦਾ) ਉਸ ਪਰਮਾਤਮਾ ਨੇ ਹੀ ਸੁਣਿਆ ਹੈ, (ਜਦੋਂ ਉਹ ਸਾਡੀ ਅਰਦਾਸ-ਅਰਜ਼ੋਈ ਸੁਣਦਾ ਹੈ) ਤਦੋਂ (ਸਾਡੀ) ਹਾਲਤ ਚੰਗੀ ਬਣ ਜਾਂਦੀ ਹੈ ।੧। ਹੇ ਭਾਈ! ਜਿੰਦ ਦੀ (ਅਰਦਾਸ) ਇਕ ਪਰਮਾਤਮਾ ਦੇ ਕੋਲ ਹੀ ਮੰਨੀ ਜਾਂਦੀ ਹੈ । (ਪਰਮਾਤਮਾ ਦੇ ਆਸਰੇ ਤੋਂ ਬਿਨਾ ਲੋਕ) ਹੋਰ ਬਥੇਰੇ ਜਤਨ ਕਰ ਕੇ ਥੱਕ ਜਾਂਦੇ ਹਨ, ਉਹਨਾਂ ਜਤਨਾਂ ਦਾ ਮੁੱਲ ਇਕ ਤਿਲ ਜਿਤਨਾ ਭੀ ਨਹੀਂ ਸਮਝਿਆ ਜਾਂਦਾ ।ਰਹਾਉ। ਹੇ ਭਾਈ! ਪਰਮਾਤਮਾ ਦਾ ਨਾਮ ਆਤਮਕ ਜੀਵਨ ਦੇਣ ਵਾਲਾ ਹੈ, ਨਾਮ ਇਕ ਐਸਾ ਹੀਰਾ ਹੈ ਜੇਹੜਾ ਕਿਸੇ ਮੁੱਲ ਤੋਂ ਨਹੀਂ ਮਿਲ ਸਕਦਾ । ਗੁਰੂ ਨੇ ਇਹ ਨਾਮ-ਮੰਤਰ (ਜਿਸ ਮਨੁੱਖ ਨੂੰ) ਦੇ ਦਿੱਤਾ, ਉਹ ਮਨੁੱਖ (ਵਿਕਾਰਾਂ ਵਿਚ) ਡਿੱਗਦਾ ਨਹੀਂ, ਡੋਲਦਾ ਨਹੀਂ, ਉਹ ਮਨੁੱਖ ਪੱਕੇ ਇਰਾਦੇ ਵਾਲਾ ਬਣ ਜਾਂਦਾ ਹੈ, ਉਹ ਮੁਕੰਮਲ ਤੌਰ ਤੇ (ਮਾਇਆ ਵਲੋਂ) ਸੰਤੋਖੀ ਰਹਿੰਦਾ ਹੈ ।੨। (ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਪਾਸੋਂ ਨਾਮ-ਹੀਰਾ ਮਿਲ ਜਾਂਦਾ ਹੈ, ਉਸ ਦੇ ਅੰਦਰੋਂ) ਉਹਨਾਂ ਮੇਰ-ਤੇਰ ਵਾਲੇ ਸਾਰੇ ਵਿਤਕਰਿਆਂ ਦੀ ਗੱਲ ਮੁੱਕ ਜਾਂਦੀ ਹੈ ਜੋ ਜਗਤ ਵਿਚ ਬੜੇ ਪ੍ਰਬਲ ਹਨ । (ਉਸ ਮਨੁੱਖ ਨੂੰ ਹਰ ਪਾਸੇ ਪਰਮਾਤਮਾ ਹੀ ਇਉਂ ਦਿੱਸਦਾ ਹੈ, ਜਿਵੇਂ) ਅਨੇਕਾਂ ਗਹਣੇ ਮਿਲ ਕੇ (ਗਾਲੇ ਜਾ ਕੇ) ਰੈਣੀ ਬਣ ਜਾਂਦੀ ਹੈ, ਤੇ, ਉਸ ਢੇਲੀ ਤੋਂ ਉਹ ਸੋਨਾ ਹੀ ਅਖਵਾਂਦੀ ਹੈ ।੩। (ਹੇ ਭਾਈ! ਜਿਸ ਮਨੁੱਖ ਦੇ ਅੰਦਰ ਗੁਰੂ ਦੀ ਕਿਰਪਾ ਨਾਲ) ਪਰਮਾਤਮਾ ਦੀ ਜੋਤਿ ਦਾ ਪਰਕਾਸ਼ ਹੋ ਜਾਂਦਾ ਹੈ, ਉਸ ਦੇ ਅੰਦਰ ਆਤਮਕ ਅਡੋਲਤਾ ਦੇ ਆਨੰਦ ਪੈਦਾ ਹੋ ਜਾਂਦੇ ਹਨ, ਉਸ ਨੂੰ ਹਰ ਥਾਂ ਸੋਭਾ ਮਿਲਦੀ ਹੈ, ਉਸ ਦੇ ਹਿਰਦੇ ਵਿਚ ਸਿਫ਼ਤਿ-ਸਾਲਾਹ ਦੀ ਬਾਣੀ ਦੇ (ਮਾਨੋ) ਇਕ-ਰਸ ਵਾਜੇ ਵੱਜਦੇ ਰਹਿੰਦੇ ਹਨ । ਹੇ ਨਾਨਕ! ਆਖ—ਗੁਰੂ ਨੇ ਜਿਸ ਮਨੁੱਖ ਵਾਸਤੇ ਇਹ ਪ੍ਰਬੰਧ ਕਰ ਦਿੱਤਾ, ਉਹ ਮਨੁੱਖ ਸਦਾ ਲਈ ਪ੍ਰਭੂ-ਚਰਨਾਂ ਵਿਚ ਟਿਕਾਣਾ ਪ੍ਰਾਪਤ ਕਰ ਲੈਂਦਾ ਹੈ ।੪।੫।**

English Translation :

**DHANAASAREE, FIFTH MEHL:**

Body, mind, wealth and everything belong to Him; He alone is all-wise and all-knowing. He listens to my pains and pleasures, and then my condition improves. || 1 || My soul is satisfied with the One Lord alone. People make all sorts of other efforts, but they have no value at all. || Pause || The Ambrosial Naam, the Name of the Lord, is a priceless jewel. The Guru has given me this advice. It cannot be lost, and it cannot be shaken off; it remains steady, and I am perfectly satisfied with it. || 2 || Those things which tore me away from You, Lord, are now gone. When golden ornaments are melted down into a lump, they are still said to be gold. || 3 || The Divine Light has illuminated me, and I am filled with celestial peace and glory; the unstruck melody of the Lord’s Bani resounds within me. Says Nanak, I have built my eternal home; the Guru has constructed it for me. || 4 || 5 ||

**https://sikhizm.com/hukamnama/jiska-tan-man-dhan/**

**(Page: 671)**